# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 07-03-2026**

ਭਾਰਤ ਪੈਟਰੋਲੀਅਮ ਅਤੇ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਿਟਡ ਨੇ ਕਿਹਾ ਏ ਕਿ ਭਾਰਤ ਕੋਲ ਈਂਧਨ ਦਾ ਢੁੱਕਵਾਂ ਭੰਡਾਰ ਏ, ਅਤੇ ਸਪਲਾਈ ਤੇ ਵੰਡ ਨੈੱਟਵਰਕ ਆਮ ਵਾਂਗ ਕੰਮ ਕਰ ਰਹੇ ਨੇ । ਇਨ੍ਹਾਂ ਸਪੱਸ਼ਟ ਕੀਤਾ ਕਿ ਪੈਟਰੋਲ ਅਤੇ ਡੀਜ਼ਲ ਦੀ ਕਮੀ ਬਾਰੇ ਸੋਸ਼ਲ ਮੀਡੀਆ 'ਤੇ ਆ ਰਹੀਆਂ ਖਬਰਾਂ ਪੂਰੀ ਤਰ੍ਹਾਂ ਬੇਬੁਨਿਆਦ ਤੇ ਫਰਜ਼ੀ ਨੇ। ਭਾਰਤ ਪੈਟਰੋਲੀਅਮ ਅਤੇ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਿਟਡ ਨਿਰਵਿਘਨ ਈਂਧਨ ਸਪਲਾਈ ਬਣਾਈ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਨੇ । ਉਨ੍ਹਾਂ ਨਾਗਰਿਕਾਂ ਨੂੰ ਭਰੋਸਾ ਦਿੱਤਾ ਏ ਕਿ ਕਿਸੇ ਵੀ ਤਰ੍ਹਾਂ ਦੀ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਏ । ਲੋਕਾਂ ਨੂੰ ਪੈਟਰੋਲ ਪੰਪਾਂ 'ਤੇ ਬੇਲੋੜੀ ਭੀੜ-ਭਾੜ ਕਰਨ ਤੋਂ ਬਚਣ ਅਤੇ ਸਹੀ ਜਾਣਕਾਰੀ ਲਈ ਸਿਰਫ਼ ਅਧਿਕਾਰਤ ਸਰੋਤਾਂ 'ਤੇ ਭਰੋਸਾ ਕਰਨ ਦੀ ਅਪੀਲ ਕੀਤੀ ਗਈ ਏ ।

-------------------------------------------------------

ਅੰਤਰਰਾਸ਼ਟਰੀ ਔਰਤ ਦਿਵਸ ਦੇ ਮੌਕੇ 'ਤੇ ਖੇਡਾਂ ਵਿੱਚ ਔਰਤਾਂ ਦਾ ਜਸ਼ਨ ਮਨਾਉਣ ਲਈ, ਕੱਲ੍ਹ, ਨੌਜਵਾਨ ਮਾਮਲਿਆਂ ਅਤੇ ਖੇਡਾਂ ਬਾਰੇ ਮੰਤਰਾਲਾ ਪੰਜਾਬ ਸਮੇਤ ਦੇਸ਼ ਭਰ ਵਿੱਚ ਇੱਕ ਦੇਸ਼ ਵਿਆਪੀ ਐਥਲੈਟਿਕਸ ਲੀਗ - ASMITA ਕਰਾਉਣ ਜਾ ਰਿਹਾ ਏ। ASMITA ਭਾਵ ਖੇਡਾਂ ‘ਚ ਮੀਲ ਪਥਰ ਹਾਸਲ ਕਰਨ ਲਈ ਸਰਗਰਮੀਆਂ ਰਾਹੀਂ ਔਰਤਾਂ ਨੂੰ ਪ੍ਰੇਰਿਤ ਕਰਨਾ, ਖੇਡਾਂ ਵਿੱਚ ਔਰਤਾਂ ਦਾ ਜਸ਼ਨ ਮਨਾਉਣ ਲਈ ਇੱਕ ਵਿਲੱਖਣ ਪਹਿਲਕਦਮੀ ਏ । ਇਹ ਸਮਾਗਮ 13 ਸਾਲ ਤੋਂ ਘੱਟ, 13 ਤੋਂ 18 ਸਾਲ ਅਤੇ 18 ਸਾਲ ਤੋਂ ਵਧ ਉਮਰ ਸ਼੍ਰੇਣੀਆਂ ਦੇ ਉਮਰ ਸਮੂਹਾਂ ਵਿੱਚ 100 ਮੀਟਰ, 200 ਮੀਟਰ ਅਤੇ 400 ਮੀਟਰ ਦੇ ਐਥਲੈਟਿਕਸ 'ਤੇ ਕੇਂਦ੍ਰਿਤ ਹੋਵੇਗਾ। ਇਸ ਵਿੱਚ ਰਿਕਾਰਡ ਢਾਈ ਲੱਖ ਔਰਤਾਂ ਦੇ ਹਿੱਸਾ ਲੈਣ ਦੀ ਉਮੀਦ ਏ । ਨੌਜੁਆਨ ਮਾਮਲਿਆਂ ਅਤੇ ਖੇਡਾਂ ਬਾਰੇ ਕੇਂਦਰੀ ਰਾਜ ਮੰਤਰੀ, ਸ਼੍ਰੀਮਤੀ ਰਕਸ਼ਾ ਨਿਖਿਲ ਖੜਸੇ ਮੁਤਾਬਿਕ, ਇਹ ਸਮਾਗਮ ਦੇਸ਼ ਭਰ ਦੇ 30 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ 250 ਥਾਵਾਂ 'ਤੇ ਕਰਾਇਆ ਜਾਏਗਾ। ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਪੰਜਾਬ ਵਿੱਚ, ਇਹ ਸਮਾਗਮ ਪਟਿਆਲਾ ਸਮੇਤ 12 ਜ਼ਿਲ੍ਹਿਆਂ ਵਿੱਚ ਕਰਾਇਆ ਜਾਏਗਾ ਜੋ ਕਿ ਇਸ ਸਮਾਗਮ ਲਈ ਚੁਣੇ ਗਏ 30 ਵਿਸ਼ੇਸ਼ ਜ਼ਿਲ੍ਹਿਆਂ ਵਿੱਚੋਂ ਇੱਕ ਏ । ਕੇਂਦਰ

ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿਖੇ ਵੀ ਇਹ ਸਮਾਗਮ ਕਰਾਇਆ ਜਾ ਰਿਹਾ ਏ।

--------------------------------------------------

ਪੰਜਾਬ ਮੰਤਰੀ ਮੰਡਲ ਨੇ ਵਿਧਾਨ ਸਭਾ ਦੇ ਚੱਲ ਰਹੇ ਬਜਟ ਇਜਲਾਸ ਵਿੱਚ ਸਾਲ 2025-26 ਲਈ ਗਰਾਂਟਾਂ ਲਈ ਜ਼ਿਮਨੀ ਮੰਗਾਂ, ਸਾਲ 2026-27 ਲਈ ਬਜਟ ਅਨੁਮਾਨਾਂ ਅਤੇ ਸਾਲ 2024-25 ਦੀਆਂ ਕੈਗ ਦੀਆਂ ਆਡਿਟ ਰਿਪੋਰਟਾਂ ਪੇਸ਼ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਏ। ਇਸ ਬਾਰੇ ਫੈਸਲਾ ਪੰਜਾਬ ਵਿਧਾਨ ਸਭਾ ਸਕੱਤਰੇਤ ਵਿੱਚ ਮੁੱਖ ਮੰਤਰੀ ਦੀ ਅਗਵਾਈ ਵਿੱਚ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ। ਇਹ ਜਾਣਕਾਰੀ ਦਿੰਦਿਆਂ ਦਿੰਦਿਆਂ ਮੁੱਖ ਮੰਤਰੀ ਦਫਤਰ ਦੇ ਇਕ ਬੁਲਾਰੇ ਨੇ ਦੱਸਿਆ ਕਿ ਮੰਤਰੀ ਮੰਡਲ ਨੇ ਮਾਲੀ ਸਾਲ 2025-26 ਲਈ ਗਰਾਂਟਾਂ ਲਈ ਜ਼ਿਮਨੀ ਮੰਗਾਂ ਨੂੰ ਪ੍ਰਵਾਨਗੀ ਦੇ ਦਿੱਤੀ ਏ। ਇਸੇ ਤਰ੍ਹਾਂ ਮੰਤਰੀ ਮੰਡਲ ਨੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸਾਲ 2026-27 ਲਈ ਪੰਜਾਬ ਦੇ ਬਜਟ ਅਨੁਮਾਨਾਂ ਨੂੰ 8 ਮਾਰਚ ਨੂੰ ਪੇਸ਼ ਕਰਨ ਦੀ ਵੀ ਮਨਜ਼ੂਰੀ ਦੇ ਦਿੱਤੀ ਏ। ਮੰਤਰੀ ਮੰਡਲ ਨੇ ਕੰਪਟ੍ਰੋਲਰ ਐਂਡ ਆਡੀਟਰ ਜਨਰਲ ਆਫ ਇੰਡੀਆ (ਕੈਗ) ਅਤੇ ਪੰਜਾਬ ਸਰਕਾਰ ਦੇ ਮਾਲੀ ਤੇ ਨਮਿੱਤਣ ਲੇਖੇ ਵਿਧਾਨ ਸਭਾ ਵਿਚ ਪੇਸ਼ ਕਰਨ ਦੀ ਮਨਜ਼ੂਰੀ ਦੇ ਦਿੱਤੀ ਏ।

---------------------------------------------------------

ਖਰੜ ਵਿੱਚ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ, ਦਿਹਾਤੀ ਵਿਕਾਸ ਅਤੇ ਪੰਚਾਇਤਾਂ ਵਿਭਾਗ ਪੰਜਾਬ ਵੱਲੋਂ "ਆਪਣਾ ਕਾਰੋਬਾਰ, ਆਪਣੀ ਪਛਾਣ" ਮੁਹਿੰਮ ਤਹਿਤ ਮਹਿਲਾ ਉਦਮੀ ਮੇਲੇ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਖਰੜ ਹਲਕੇ ਦੇ ਵਿਧਾਇਕ ਅਨਮੋਲ ਗਗਨ ਮਾਨ ਨੇ ਕਿਹਾ ਕਿ ਮਹਿਲਾਵਾਂ ਹੀਰੇ ਵਾਂਗ ਬਹੁਤ ਮਜ਼ਬੂਤ ਹੁੰਦੀਆਂ ਨੇ। ਉਨ੍ਹਾਂ ਕਿਹਾ ਕਿ ਅੱਜ ਦੀ ਮਹਿਲਾ ਹਰ ਖੇਤਰ ਵਿੱਚ ਆਪਣੀ ਕਾਬਲੀਅਤ ਸਾਬਤ ਕਰ ਰਹੀ ਏ ਅਤੇ ਸਮਾਜ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਅ ਰਹੀ ਏ। ਇਸ ਦੌਰਾਨ ਵੱਖ-ਵੱਖ ਸਵੈ ਸਹਾਇਤਾ ਸਮੂਹਾਂ ਨਾਲ ਜੁੜੀਆਂ ਮਹਿਲਾਵਾਂ ਨੂੰ "ਪੰਜਾਬ ਸਰਕਾਰ ਮਹਿਲਾ ਉਦਮੀ ਸਨਮਾਨ – 2026" ਤਹਿਤ ਸਨਮਾਨ ਪੱਤਰ ਵੀ ਦਿੱਤੇ ਗਏ।

---------------------------------------------------------

ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਮੋਹਾਲੀ ਸਥਿਤ ਸ਼ਹੀਦ ਮੇਜਰ ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ ਵਿਖੇ ਜ਼ਿਲ੍ਹਾ ਪੱਧਰੀ ਸਿਹਤ ਅਤੇ ਰੋਜ਼ਗਾਰ ਕੈਂਪ ਲਾਇਆ ਗਿਆ। ਕੈਂਪ ਦੌਰਾਨ 375 ਮਹਿਲਾਵਾਂ ਦੀ ਸਿਹਤ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਨਵਜੰਮੀਆਂ ਧੀਆਂ ਦੀਆਂ ਮਾਵਾਂ ਨੂੰ ਬੇਬੀ ਕਿੱਟਾਂ

ਵੰਡੀਆਂ ਗਈਆਂ, ਜਦਕਿ ਸਿਹਤ ਜਾਂਚ ਕੈਂਪ ਵਿੱਚ ਸ਼ਾਮਲ ਹੋਈਆਂ ਮਹਿਲਾਵਾਂ ਨੂੰ ਹੈਲਥ ਕਿੱਟਾਂ ਵੀ ਦਿੱਤੀਆਂ ਗਈਆਂ।

---------------------------------------------------------

ਅੱਜ ਸਵੇਰੇ ਤੜਕਸਾਰ ਗੁਰਦਾਸਪੁਰ ਦੇ ਜਹਾਜ਼ ਚੌਂਕ ਜੀਟੀ ਰੋਡ ਸਥਿਤ ਸਟੇਟ ਬੈਂਕ ਆਫ ਇੰਡੀਆ ਦੀ ਬਰਾਂਚ ਵਿਚ ਅੱਗ ਲੱਗ ਗਈ। ਅੱਗ ਦਾ ਕਾਰਨ ਸ਼ਾਰਟ ਸਰਕਿਟ ਦੱਸਿਆ ਜਾ ਰਿਹਾ ਏ। ਹਾਲਾਂਕਿ ਅੱਗ ਨਾਲ ਹੋਏ ਨੁਕਸਾਨ ਦਾ ਹਾਲੇ ਅੰਦਾਜ਼ਾ ਨਹੀਂ ਲੱਗ ਸਕਿਆ ਪਰ ਬੈਂਕ ਵਿੱਚ ਰੱਖਿਆ ਸਾਰਾ ਸਾਮਾਨ ਤੇ ਰਿਕਾਰਡ ਸੜ ਕੇ ਸਵਾਹ ਹੋ ਗਿਆ । ਬੈਂਕ ਮੈਨੇਜਰ ਗਗਨਦੀਪ ਸਿੰਘ ਬਾਜਵਾ, ਫਾਇਰ ਬ੍ਰਿਗੇਡ ਮੁਲਾਜ਼ਮ ਸੁਖਵਿੰਦਰ ਪਾਲ ਸਿੰਘ ਅਤੇ ਏ.ਐਸ.ਆਈ. ਜਗਜੀਤ ਸਿੰਘ ਨੇ ਦੱਸਿਆ ਕਿ ਸਵੇਰੇ 5 ਵਜੇ ਦੇ ਕਰੀਬ ਉਹਨਾਂ ਨੂੰ ਸੂਚਨਾ ਮਿਲੀ ਕਿ ਬੈਂਕ ਵਿੱਚ ਅੱਗ ਲੱਗ ਗਈ ਏ। ਫਾਇਰ ਬ੍ਰਿਗੇਡ ਦੀਆਂ ਤਿੰਨ ਗੱਡੀਆਂ ਨੇ ਤਕਰੀਬਨ ਸਾਢੇ ਤਿੰਨ ਘੰਟੇ ਦੀ ਮਸ਼ੱਕਤ ਤੋਂ ਬਾਅਦ ਅੱਗ ਤੇ ਕਾਬੂ ਪਾਇਆ।

---------------------------------------------------------

ਪੰਜਾਬ ਵਿਜੀਲੈਂਸ ਬਿਊਰੋ ਐਸ.ਐਸ.ਪੀ. ਦਫ਼ਤਰ ਬਰਨਾਲਾ ਵਿਖੇ ਤਾਇਨਾਤ ਸੀਨੀਅਰ ਸਹਾਇਕ ਦਵਿੰਦਰ ਸਿੰਘ ਨੂੰ 10 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਹੋਏ ਕਾਬੂ ਕੀਤਾ ਏ। ਮਾਮਲੇ ਦੀ ਵਧੇਰੇ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ

ਉਕਤ ਦੋਸ਼ੀ ਨੂੰ ਬਰਨਾਲਾ ਦੇ ਪਿੰਡ ਦਾਨਗੜ੍ਹ ਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਏ। ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਏ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

--------------------------------------------------------------------------------